# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 05-10-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਮਹਾਰਾਸ਼ਟਰ ਦੇ ਇਕ ਦਿਨਾਂ ਦੌਰੇ 'ਤੇ ਨੇ। ਇਸ ਮੌਕੇ ਪ੍ਰਧਾਨ ਮੰਤਰੀ ਮੋਦੀ ਨੇ ਵਾਸ਼ਿਮ ਵਿੱਚ ਖੇਤੀਬਾੜੀ ਅਤੇ ਪਸ਼ੂ ਪਾਲਣ ਖੇਤਰ ਨਾਲ ਸਬੰਧਤ ਲਗਭਗ 23 ਹਜ਼ਾਰ ਕਰੋੜ ਰੁਪਏ ਤੋਂ ਵਧ ਦੀ ਲਾਗਤ ਵਾਲੀਆਂ ਵੱਖ-ਵੱਖ ਪਹਿਲਕਦਮੀਆਂ ਦੀ ਸ਼ੁਰੂਆਤ ਕੀਤੀ। ਸ਼੍ਰੀ ਮੋਦੀ ਨੇ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ (ਪੀ.ਐੱਮ.-ਕਿਸਾਨ) ਯੋਜਨਾ ਦੀ 18ਵੀਂ ਕਿਸ਼ਤ ਵੀ ਜਾਰੀ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ।

---

ਹਰਿਆਣਾ 'ਚ 90 ਵਿਧਾਨ ਸਭਾ ਹਲਕਿਆਂ ਲਈ ਇਕ ਗੇੜ 'ਚ ਵੋਟਿੰਗ ਅਮਨ ਅਮਾਨ ਨਾਲ ਜਾਰੀ ਏ। ਦੁਪਹਿਰ 1 ਵਜੇ ਤੱਕ 36.69 ਫੀਸਦੀ ਵੋਟਿੰਗ ਦਰਜ ਕੀਤੀ ਗਈ। ਸਵੇਰੇ 7 ਵਜੇ ਸ਼ੁਰੂ ਹੋਈ ਪੋਲਿੰਗ

ਸ਼ਾਮ ਨੂੰ 6 ਵਜੇ ਸਮਾਪਤ ਹੋਵੇਗੀ। ਦੋ ਕਰੋੜ ਤਿੰਨ ਲੱਖ ਤੋਂ ਵੱਧ ਵੋਟਰ, ਇਕ ਹਜ਼ਾਰ 31 ਉਮੀਦਵਾਰਾਂ ਦੀ ਕਿਸਮਤ ਦਾ ਫੈਸਲਾ ਕਰਨਗੇ। ਸੂਬੇ ਭਰ ਵਿੱਚ ਕੁੱਲ 20 ਹਜ਼ਾਰ 632 ਪੋਲਿੰਗ ਸਟੇਸ਼ਨ ਬਣਾਏ ਗਏ ਨੇ। ਸੂਬੇ ਦੇ ਮੁੱਖ ਚੋਣ ਅਧਿਕਾਰੀ ਪੰਕਜ ਅਗਰਵਾਲ ਨੇ ਦੱਸਿਆ ਕਿ ਵੋਟਿੰਗ ਨੂੰ ਆਜ਼ਾਦ , ਨਿਰਪੱਖ ਅਤੇ ਨਿਰਵਿਘਨ ਯਕੀਨੀ ਬਣਾਉਣ ਲਈ ਵੈਬਕਾਸਟਿੰਗ ਸਹੂਲਤ ਦੇ ਨਾਲ-ਨਾਲ ਸਾਰੇ ਪੋਲਿੰਗ ਸਟੇਸ਼ਨਾਂ 'ਤੇ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਨੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਰਿਕਾਰਡ ਗਿਣਤੀ ਵਿੱਚ ਵੋਟਾਂ ਪਾਉਣ ਅਤੇ ਲੋਕਤੰਤਰ ਦੇ ਇਸ ਤਿਉਹਾਰ ਦਾ ਹਿੱਸਾ ਬਣਨ ਦਾ ਸੱਦਾ ਦਿੱਤਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਪਹਿਲੀ ਵਾਰ ਆਪਣੀ ਵੋਟ ਦਾ ਇਸਤੇਮਾਲ ਕਰਨ ਜਾ ਰਹੇ, ਸੂਬੇ ਦੇ ਸਾਰੇ ਨੌਜਵਾਨ ਵੋਟਰਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ।

---------------------------------------------------------------

ਪੰਜਾਬ ਰਾਜ ਚੋਣ ਕਮਿਸ਼ਨ ਨੇ 15 ਅਕਤੂਬਰ ਨੂੰ ਹੋ ਰਹੀਆਂ ਪੰਚਾਇਤ ਚੋਣਾਂ ਲਈ ਵੱਖ ਵੱਖ ਜ਼ਿਲਿਆਂ

ਦੇ ਮੱਦੇਨਜ਼ਰ ਚੋਣ ਆਬਜ਼ਰਵਰ ਨਿਯੁਕਤ ਕੀਤੇ ਨੇ , ਜੋ ਚੋਣਾਂ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣਗੇ ਅਤੇ ਚੋਂ ਅਮਲ ਨੂੰ ਅਮਨ-ਅਮਾਨ ਨਾਲ ਨੇਪਰੇ ਚੜਾਉਣ ਵਿਚ ਨਿਗਰਾਨੀ ਕਰਨਗੇ । ਵਿਸ਼ੇਸ਼ ਗ੍ਰਹਿ ਸਕੱਤਰ ਅਮਨਦੀਪ ਕੋਰ ਨੂੰ ਫਾਜ਼ਿਲਕਾ ਜਿਲ੍ਹੇ ਦਾ ਚੋਣ ਓਬਜਰਵਰ ਨਿਯੁਕਤ ਕੀਤਾ ਗਿਆ ਏ । ਉਨ੍ਹਾਂ ਕਿਹਾ ਕਿ ਜਿਲ੍ਹੇ ਵਿੱਚ ਪੂਰੀ ਤਰ੍ਹਾਂ ਨਿਰਪੱਖ ਤੇ ਭੈਅ-ਮੁਕਤ ਚੋਣਾਂ ਕਰਵਾਈਆਂ ਜਾਣਗੀਆਂ। ਓਧਰ ਪਟਿਆਲਾ ਜ਼ਿਲ੍ਹੇ ਦੇ ਚੋਣ ਆਬਜ਼ਰਵਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਸਮੁੱਚੇ ਚੋਣ ਪ੍ਰਬੰਧਾਂ ਦਾ ਜਾਇਜਾ ਲੈਣ ਲਈ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ, ਐਸ.ਐਸ.ਪੀ. ਡਾ. ਨਾਨਕ ਸਿੰਘ ਤੇ ਹੋਰ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਇਹ ਚੋਣਾਂ ਆਜ਼ਾਦ, ਨਿਰਪੱਖ ਤੇ ਪੂਰੀ ਪਾਰਦਸ਼ਤਾ ਨਾਲ ਕਰਵਾਉਣੀਆਂ ਯਕੀਨੀ ਬਨਾਉਣ ਲਈ ਚੋਣ ਕਮਿਸ਼ਨ ਦੀਆਂ ਹਦਾਇਤਾਂ ਤੇ ਨਿਯਮਾਂ ਦੀ ਪਾਲਣਾ ਸਖਤੀ ਨਾਲ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਰਿਟਰਨਿੰਗ ਅਧਿਕਾਰੀ ਆਪਣੀ ਜਿੰਮੇਵਾਰੀ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣੀ ਯਕੀਨੀ ਬਣਾਉਣ ।

ਐਸ.ਏ.ਐਸ.ਨਗਰ ਜ਼ਿਲ੍ਹੇ ਵਿੱਚ ਚੋਣ ਅਬਜ਼ਰਵਰ ਜਸਵਿੰਦਰ ਕੌਰ ਸਿੱਧੂ ਨੇ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਉਹ ਪੂਰੀ ਚੋਣ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਅਮਨ-ਕਾਨੂੰਨ ਦੀ ਵਿਵਸਥਾ ਨੂੰ ਯਕੀਨੀ ਬਣਾਉਣ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਕੁੱਲ 332 ਗ੍ਰਾਮ ਪੰਚਾਇਤਾਂ ਨੇ ਜਿਨ੍ਹਾਂ ਦੀ ਗਿਣਤੀ 422 ਪੋਲਿੰਗ ਬੂਥ ਨੇ।

---

ਮੋਗਾ ਜ਼ਿਲੇ ਦੇ ਪਿੰਡ ਕੋਟ ਸਦਰ ਖਾਂ ਵਿਖੇ ਨਗਰ ਕੀਰਤਨ ਦੌਰਾਨ ਬਸ ਵਿਚ ਕਰੰਟ ਆਉਣ ਕਾਰਨ ਦੋ ਸ਼ਰਧਾਲੂਆਂ ਦੀ ਮੌਤ ਹੋ ਗਈ ਜਦਕਿ 7 ਜਣੇ ਜ਼ਖਮੀ ਹੋ ਗਏ। ਖਬਰ ਏਜੇਂਸੀ ਹਿੰਦੁਸਥਾਨ ਸਮਾਚਾਰ ਤੋਂ ਮਿਲੀ ਜਾਣਕਾਰੀ ਮੁਤਾਬਿਕ ਇਹ ਜਦਸ ਉਸ ਵੇਲੇ ਵਾਪਰਿਆ ਜਦੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ ਨੂੰ ਲੈ ਕੇ ਜਾ ਰਹੀ ਇਕ ਬੱਸ ਬਿਜਲੀ ਦੀਆਂ ਤਾਰਾਂ ਨੂੰ ਛੂਹ ਗਈ। ਜਿਸ ਵਿੱਚ ਦੋ ਲੋਕਾਂ ਦੀ ਮੌਤ ਹੋ ਗਈ ਅਤੇ ਸੱਤ ਜ਼ਖਮੀ ਹੋ ਗਏ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਏ।

-------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਬਰਨਾਲਾ ਦੇ ਫਾਇਰ ਅਫਸਰ ਤਰਸੇਮ ਸਿੰਘ ਨੂੰ 40,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਏ। ਸੂਬਾ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਦੋਸ਼ੀ ਨੂੰ ਜਿਲ੍ਹਾ ਸੰਗਰੂਰ ਦੇ ਪਿੰਡ ਝਾੜੋਂ ਵਾਸੀ ਸ਼ਿਕਾਇਤਕਰਤਾ ਹਰਦੇਵ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫਤਾਰ ਕੀਤਾ ਗਿਆ ਏ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੱਸਿਆ ਕਿ ਉਸਨੇ ਅਨਾਜ ਮੰਡੀ ਬਰਨਾਲਾ ਦੇ ਸਾਹਮਣੇ ਇੱਕ ਹੋਟਲ ਦੀ ਉਸਾਰੀ ਲਈ ਪਲਾਟ ਖਰੀਦਿਆ ਸੀ। ਅੱਗ ਬੁਝਾਊ ਵਿਭਾਗ ਤੋਂ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਦਲੇ ਦੋਸ਼ੀ 50 ਹਜ਼ਾਰ ਰੁਪਏ ਰਿਸ਼ਵਤ ਦੀ ਮੰਗ ਕਰ ਰਿਹਾ ਸੀ। ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਫਾਇਰ ਅਫਸਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 40 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਮੁਲਜ਼ਮ ਖਿਲਾਫ ਵਿਜੀਲੈਂਸ

ਬਿਊਰੋ ਦੇ ਥਾਣਾ ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕਨ ਬਾਰੇ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਏ।

---------------------------------------------------------------

ਫਤਹਿਗੜ੍ਹ ਸਾਹਿਬ ਦੇ ਥਾਣਾ ਬਸੀ ਪਠਾਣਾ ਦੀ ਪੁਲਿਸ ਨੇ ਸ਼ਹੀਦਗੜ੍ਹ ਰੇਲਵੇ ਫਾਟਕ ਨਜ਼ਦੀਕ ਦੋ ਵਿਅਕਤੀਆਂ ਨੂੰ ਨਸ਼ੇ ਦੀਆਂ 480 ਗੋਲੀਆਂ ਸਮੇਤ ਗ੍ਰਿਫਤਾਰ ਕੀਤਾ ਏ। ਡੀ.ਐਸ.ਪੀ ਰਾਜ ਕੁਮਾਰ ਨੇ ਦੱਸਿਆ ਕਿ ਪੁਲਿਸ ਵਲੋਂ ਕਾਬੂ ਕੀਤੇ ਮੁਲਜ਼ਮਾਂ ਦੀ ਪਛਾਣ ਬਲਪ੍ਰੀਤ ਸਿੰਘ ਅਤੇ ਗੌਤਮ ਮਸੀਹ ਵਜੋਂ ਹੋਈ ਏ । ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਏ।

---------------------------------------------------------------

ਪੰਜਾਬ ‘ਚ ਮਾਨਸੂਨ ਤੋਂ ਬਾਅਦ ਦਿਨ-ਬ-ਦਿਨ ਗਰਮੀ ਵਧਣ ਲੱਗੀ ਏ। ਸਾਰੇ ਜ਼ਿਲ੍ਹਿਆਂ ਵਿੱਚ ਤਾਪਮਾਨ 33 ਡਿਗਰੀ ਨੂੰ ਪਾਰ ਕਰ ਗਿਆ ਏ। ਮੌਸਮ ਵਿਭਾਗ ਮੁਤਾਬਿਕ ਅੱਜ ਚਾਰ ਜ਼ਿਲ੍ਹਿਆਂ ਫਾਜ਼ਿਲਕਾ, ਮੁਕਤਸਰ, ਬਠਿੰਡਾ ਅਤੇ ਮਾਨਸਾ ਵਿੱਚ ਕੁਝ ਥਾਵਾਂ ’ਤੇ ਮੀਂਹ ਪੈ ਸਕਦਾ ਏ, ਜਦਕਿ ਬਾਕੀ ਜ਼ਿਲ੍ਹਿਆਂ ਵਿੱਚ ਮੌਸਮ ਸਾਫ਼ ਰਹੇਗਾ। ਸੂਬੇ ‘ਚ ਤਾਪਮਾਨ ‘ਚ 0.1

ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ  ਏ ਜਦੋਂ ਕਿ ਇਹ ਅਜੇ ਵੀ ਸੂਬੇ ਦੇ ਆਮ ਤਾਪਮਾਨ ਨਾਲੋਂ 2.3 ਡਿਗਰੀ ਵੱਧ ਏ। ਫਰੀਦਕੋਟ ਵਿੱਚ ਸਭ ਤੋਂ ਵੱਧ ਤਾਪਮਾਨ 38 ਡਿਗਰੀ ਦਰਜ ਕੀਤਾ ਗਿਆ ਏ।